# ਪੰਜਾਬ ਵਿਧਾਨ ਸਭਾ

-----------

## 16ਵੀਂ ਪੰਜਾਬ ਵਿਧਾਨ ਸਭਾ

## ਛੇਵਾਂ (ਬਜਟ) ਸਮਾਗਮ

-----------

## ਕਾਰਜ ਸੂਚੀ

11 ਮਾਰਚ 2024

02:00 ਵਜੇ ਬਾਅਦ ਦੁਪਹਿਰ

1. <u>ਪ੍ਰਸ਼ਨ</u>

(1) ਵੱਖ ਸੂਚੀ ਵਿੱਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਜਵਾਬ ਦਿੱਤੇ ਜਾਣਗੇ ।

2. <u>ਧਿਆਨ ਦਿਵਾਊ ਨੋਟਿਸ</u>

(1) ਸਰਦਾਰ ਦਵਿੰਦਰਜੀਤ ਸਿੰਘ ਲਾਡੀ ਢੋਸ, ਐਮ.ਐਲ.ਏ.:-ਸਿਹਤ ਤੇ ਪਰਿਵਾਰ ਭਲਾਈ ਮੰਤਰੀ ਦਾ ਧਿਆਨ ਪ੍ਰਭਾਵਸ਼ਾਲੀ ਕਾਨੂੰਨ ਦੀ ਅਣਹੋਂਦ ਕਾਰਨ ਖਾਣ-ਪੀਣ ਦੀਆਂ ਵਸਤੂਆਂ ਵਿੱਚ ਹੋ ਰਹੀ ਲੋੜ ਤੋਂ ਵੱਧ ਮਿਲਾਵਟ ਵੱਲ ਦਿਵਾਉਣਗੇ ।

(ਨੰ. 30)

(2) ਸਰਦਾਰ ਮਨਵਿੰਦਰ ਸਿੰਘ ਗਿਆਸਪੁਰਾ, ਐਮ.ਐਲ.ਏ.:- ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਦਾ ਧਿਆਨ ਪੀ.ਐਮ.ਏ.ਵਾਈ. ਸਾਈਟ ਦੇ ਬੰਦ ਹੋ ਜਾਣ ਕਾਰਨ ਗਰੀਬ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਵੱਲ ਦਿਵਾਉਣਗੇ।

(ਨੰ. 31)

(3) ਸਰਦਾਰ ਕੁਲਜੀਤ ਸਿੰਘ ਰੰਧਾਵਾ, ਐਮ.ਐਲ.ਏ.:- ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਦਾ ਧਿਆਨ ਡੇਰਾਬਸੀ ਵਿਧਾਨ ਸਭਾ ਹਲਕੇ ਵਿੱਚ ਪੈਂਦੀ ਬਰਵਾਲਾ ਸੜਕ ਦੀ ਖਸਤਾ ਹਾਲਤ ਵੱਲ ਦਿਵਾਉਣਗੇ ।

(ਨੰ. 32)

3. <u>ਰਿਪੋਰਟਾਂ ਪੇਸ਼ ਕਰਨੀਆਂ</u>

(1)
ਸਭਾਪਤੀ, ਸਥਾਨਕ ਸੰਸਥਾਵਾਂ ਸਬੰਧੀ ਕਮੇਟੀ ਦੇ ਆਮ ਕੰਮ-ਕਾਰ ਨਾਲ ਸਬੰਧਤ ਦੂਜੀ ਰਿਪੋਰਟ ਪੇਸ਼ ਕਰਨਗੇ।

(2)
ਸਭਾਪਤੀ, ਸਹਿਕਾਰਤਾ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ ਦੀ ਦੂਜੀ ਰਿਪੋਰਟ ਪੇਸ਼ ਕਰਨਗੇ।

(3) ਸਭਾਪਤੀ, ਹਾਊਸ ਕਮੇਟੀ ਬੁੱਢਾ ਦਰਿਆ ਅਤੇ ਘੱਗਰ ਦਰਿਆ ਨਾਲ ਸਬੰਧਤ ਮਾਮਲਿਆਂ ਤੇ ਕਮੇਟੀ ਦੀ ਅੰਤਰਿਮ ਰਿਪੋਰਟ ਪੇਸ਼ ਕਰਨਗੇ ।

4. <u>ਸਾਲ 2024-25 ਲਈ ਚੁਣੀਆਂ ਜਾਣ ਵਾਲੀਆਂ ਕਮੇਟੀਆਂ ਦੇ ਗਠਨ ਸਬੰਧੀ ਪ੍ਰਸਤਾਵ</u>

(1) ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ - ਕਿਉਂਜੋ ਸਾਲ 2024-25 ਲਈ: -

1. ਲੋਕ ਲੇਖਾ ਕਮੇਟੀ;
2. ਅਨੁਮਾਨ ਕਮੇਟੀ;
3. ਸਰਕਾਰੀ ਕਾਰੋਬਾਰ ਕਮੇਟੀ; ਅਤੇ
4. ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਸਬੰਧੀ ਕਮੇਟੀ, ਲਈ ਚੋਣਾਂ 31 ਮਾਰਚ, 2024 ਤੋਂ ਪਹਿਲਾਂ ਕੀਤੀਆਂ ਜਾਣੀਆਂ ਬਣਦੀਆਂ ਹਨ;

ਕਿਉਂਜੋ ਸਦਨ ਕੋਲ ਬਾਕੀ ਰਹਿੰਦਾ ਸਮਾਂ ਬਹੁਤ ਘੱਟ ਹੈ ਅਤੇ ਸਾਧਾਰਨ ਰੂਪ ਵਿੱਚ ਇਨ੍ਹਾਂ ਕਮੇਟੀਆਂ ਲਈ ਚੋਣ ਕਰਵਾਉਣਾ ਸੰਭਵ ਨਹੀਂ ਹੈ;

ਇਸ ਲਈ, ਹੁਣ, ਇਹ ਸਦਨ ਸਪੀਕਰ, ਪੰਜਾਬ ਵਿਧਾਨ ਸਭਾ ਨੂੰ ਸਦਨ ਵਿੱਚ ਵੱਖ-ਵੱਖ ਪਾਰਟੀਆਂ/ਗਰੁੱਪਾਂ ਦੀ ਅਨੁਪਾਤੀ ਸੰਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਉਕਤ ਵਰਣਿਤ ਸਾਲ ਲਈ ਉਪਰੋਕਤ ਕਮੇਟੀਆਂ ਦੇ ਮੈਂਬਰ ਨਾਮਜ਼ਦ ਕਰਨ ਦਾ ਅਧਿਕਾਰ ਦਿੰਦਾ ਹੈ;

ਇਹ ਸਦਨ, ਹੋਰ ਇਹ ਵੀ ਮਤਾ ਪਕਾਉਂਦਾ ਹੈ ਕਿ ਉਪਰੋਕਤ ਮੰਤਵ ਲਈ ਸਾਲ 2024-25 ਲਈ ਉਕਤ ਕਮੇਟੀਆਂ ਦੀਆਂ ਚੋਣਾਂ ਸਬੰਧੀ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਾਲੀ ਦੇ ਨਿਯਮ ਜੋ ਉਕਤ ਮਤੇ ਨਾਲ ਮੇਲ ਨਾ ਖਾਂਦੇ ਹੋਣ ਜਾਂ ਉਸਦੇ ਉਲਟ ਹੋਣ, ਮੁਅੱਤਲ ਰਹਿਣਗੇ

5. <u>ਵਿਧਾਨਕ ਕੰਮ ਕਾਰ</u>

(1) ਇੱਕ ਮੰਤਰੀ ਪੰਜਾਬ ਰਾਜ ਚੋਣ ਕਮਿਸ਼ਨ (ਸੋਧ) ਬਿਲ, 2024 ਪੇਸ਼ ਕਰਨਗੇ ।ਪ੍ਰਸਤਾਵ ਕਰਨਗੇ ਕਿ ਪੰਜਾਬ ਰਾਜ ਚੋਣ ਕਮਿਸ਼ਨ (ਸੋਧ) ਬਿਲ, 2024 ਤੇ ਤੁਰਤ ਵਿਚਾਰ ਕੀਤਾ ਜਾਵੇ ।ਇਹ ਪ੍ਰਸਤਾਵ ਵੀ ਕਰਨਗੇ ਕਿ ਬਿਲ ਪਾਸ ਕੀਤਾ ਜਾਵੇ ।

**ਰਾਮ ਲੋਕ ਖਟਾਣਾ**
**ਸਕੱਤਰ**
**ਪੰਜਾਬ ਵਿਧਾਨ ਸਭਾ**

**ਚੰਡੀਗੜ੍ਹ -160001**
**ਮਿਤੀ:੧੧ ਮਾਰਚ ੨੦੨੪ ਸੋਮਵਾਰ**